ਕਾਨੜਾ ਮਹਲਾ ੪ ॥ ਭਜੁ ਰਾਮੋ ਮਨਿ ਰਾਮ ॥ ਜਿਸੁ ਰੂਪ ਨ ਰੇਖ ਵਡਾਮ ॥ ਸਤਸੰਗਤਿ ਮਿਲੁ ਭਜੁ ਰਾਮ ॥ ਬਡ ਹੋ ਹੋ ਭਾਗ ਮਥਾਮ ॥ ੧॥ ਰਹਾਉ ॥ ਜਿਤੁ ਗ੍ਰਿਹਿ ਮੰਦਰਿ ਹਰਿ ਹੋਤੁ ਜਾਸੁ ਤਿਤੁ ਘਰਿ ਆਨਦੋ ਆਨੰਦੁ ਭਜੁ ਰਾਮ ਰਾਮ ਰਾਮ ॥ ਰਾਮ ਨਾਮ ਗੁਨ ਗਾਵਹੁ ਹਰਿ ਪ੍ਰੀਤਮ ਉਪਦੇਸਿ ਗੁਰੂ ਗੁਰ ਸਤਿਗੁਰਾ ਸੁਖੁ ਹੋਤੁ ਹਰਿ ਹਰੇ ਹਰਿ ਹਰੇ ਹਰੇ ਭਜੁ ਰਾਮ ਰਾਮ ਰਾਮ ॥੧॥ ਸਭ ਸਿਸਟਿ ਧਾਰ ਹਰਿ ਤੁਮ ਕਿਰਪਾਲ ਕਰਤਾ ਸਭੁ ਤੂ ਤੂ ਤੂ ਰਾਮ ਰਾਮ ਰਾਮ ॥ ਜਨ ਨਾਨਕੋ ਸਰਣਾਗਤੀ ਦੇਹੁ ਗੁਰਮਤੀ ਭਜੁ ਰਾਮ ਰਾਮ ਰਾਮ ॥੨॥੩॥੯॥ {ਪੰਨਾ 1297}

ਪਦ ਅਰਥ:- ਭਜੁ—ਭਜਨ ਕਰਿਆ ਕਰ। ਮਨਿ—ਮਨ ਵਿਚ। ਰੂਪ—ਸ਼ਕਲ। ਰੇਖ—ਚਿਹਨ-ਚੱਕਰ। ਵਡਾਮ—(ਸਭ ਤੋਂ) ਵੱਡਾ। ਮਿਲੁ—ਮਿਲਿਆ ਰਹੁ। ਹੋ—ਹੇ ਭਾਈ! ਮਥਾਮ—ਮੱਥੇ ਦੇ।1। ਰਹਾਉ।

ਜਿਤੁ—ਜਿਸ ਵਿਚ। ਜਿਤੁ ਗ੍ਰਿਹਿ—ਜਿਸ ਘਰ ਵਿਚ। ਜਿਤੁ ਮੰਦਰਿ—ਜਿਸ ਮੰਦਰ ਵਿਚ। ਹਰਿ ਜਾਸੁ—ਹਰੀ ਦਾ ਜਸ। ਤਿਤੁ—ਉਸ ਵਿਚ। ਤਿਤੁ ਘਰਿ—ਉਸ ਘਰ ਵਿਚ। ਆਨਦੋ ਆਨੰਦੁ—ਆਨੰਦ ਹੀ ਆਨੰਦ। ਹਰਿ ਪ੍ਰੀਤਮ ਗੁਨ—ਹਰੀ ਪ੍ਰੀਤਮ ਦੇ ਗੁਣ। ਉਪਦੇਸਿ ਗੁਰੂ—ਗੁਰੂ ਦੇ ਉਪਦੇਸ਼ ਦੀ ਰਾਹੀਂ।1।

ਸਭ ਸਿਸਟਿ ਧਾਰ—ਸਾਰੀ ਸ੍ਰਿਸ਼ਟੀ ਦਾ ਆਸਰਾ। ਨਾਨਕੋ—ਨਾਨਕੁ।2।

ਅਰਥ:- ਹੇ ਭਾਈ! ਜਿਸ ਰਾਮ ਦੀ ਸ਼ਕਲ ਜਿਸ ਦੇ ਚਿਹਨ-ਚੱਕਰ ਨਹੀਂ ਦੱਸੇ ਜਾ ਸਕਦੇ, ਜੋ ਰਾਮ ਸਭ ਤੋਂ ਵੱਡਾ ਹੈ, ਉਸ ਦੇ ਨਾਮ ਦਾ ਭਜਨ ਆਪਣੇ ਮਨ ਵਿਚ ਕਰਿਆ ਕਰ। ਹੇ ਭਾਈ! ਸਾਧ ਸੰਗਤਿ ਵਿਚ ਮਿਲ ਅਤੇ ਰਾਮ ਦਾ ਭਜਨ ਕਰ, ਤੇਰੇ ਮੱਥੇ ਦੇ ਵੱਡੇ ਭਾਗ ਹੋ ਜਾਣਗੇ।1। ਰਹਾਉ।

ਹੇ ਭਾਈ! ਜਿਸ ਹਿਰਦੇ-ਘਰ ਵਿਚ ਜਿਸ ਹਿਰਦੇ-ਮੰਦਰ ਵਿਚ ਪਰਮਾਤਮਾ ਦੀ ਸਿਫ਼ਤਿ-ਸਾਲਾਹ ਹੁੰਦੀ ਹੈ, ਉਸ ਹਿਰਦੇ-ਘਰ ਵਿਚ ਆਨੰਦ ਹੀ ਆਨੰਦ ਬਣਿਆ ਰਹਿੰਦਾ ਹੈ। ਹੇ ਭਾਈ! ਸਦਾ ਰਾਮ ਦਾ ਭਜਨ ਕਰਦਾ ਰਹੁ। ਹੇ ਭਾਈ! ਹਰੀ ਪ੍ਰੀਤਮ ਦੇ ਨਾਮ ਦੇ ਗੁਣ ਗਾਂਦਾ ਰਹੁ, ਗੁਰੂ ਸਤਿਗੁਰੁ ਦੇ ਉਪਦੇਸ਼ ਦੀ ਰਾਹੀਂ ਗੁਣ ਗਾਂਦਾ ਰਹੁ। ਰਾਮ ਨਾਮ ਦਾ ਭਜਨ ਕਰਦਾ ਰਹੁ, ਹਰਿ-ਨਾਮ ਜਪਿਆਂ ਆਤਮਕ ਆਨੰਦ ਪ੍ਰਾਪਤ ਹੁੰਦਾ ਹੈ।1।

ਹੇ ਹਰੀ! ਤੂੰ ਸਾਰੀ ਸ੍ਰਿਸ਼ਟੀ ਦਾ ਆਸਰਾ ਹੈਂ, ਤੂੰ ਦਇਆ ਦਾ ਘਰ ਹੈਂ, ਤੂੰ ਸਭ ਦਾ ਪੈਦਾ ਕਰਨ ਵਾਲਾ ਹੈਂ, ਹਰ ਥਾਂ ਤੂੰ ਹੀ ਤੂੰ ਹੈਂ। ਦਾਸ ਨਾਨਕ ਤੇਰੀ ਸਰਨ ਆਇਆ ਹੈ, (ਦਾਸ ਨੂੰ) ਗੁਰੂ ਦੀ ਸਿੱਖਿਆ ਬਖ਼ਸ਼। ਹੇ ਭਾਈ! ਸਦਾ ਰਾਮ ਦੇ ਨਾਮ ਦਾ ਭਜਨ ਕਰਦਾ ਰਹੁ।2।3।9।